ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**ਹਰ ਰੋਜ਼ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾ ਸਕੇਗੀ ਸਬਜੀ/ਫਲਾਂ ਦੀ ਵਿਕਰੀ-ਜ਼ਿਲ੍ਹਾ ਮੈਜਿਸਟਰੇਟ**

*** ਕਰਿਆਣੇ ਦੀ ਵਿਕਰੀ ਹਰ ਰੋਜ਼ ਦੁਪਹਿਰ 12 ਵਜੇ ਤੋਂ ਸ਼ਾਮ 6 ਵਜੇ ਤੱਕ ਆਮ ਜਨਤਾ ਨੂੰ ਘਰ-ਘਰ ਜਾ ਕੇ ਕੀਤੀ ਜਾਵੇਗੀ**

*** ਐਤਵਾਰ ਅਤੇ ਬੁੱਧਵਾਰ ਨੂੰ ਗੈਸ ਦੀ ਸਪਲਾਈ ਨਹੀਂ ਕੀਤੀ ਜਾਵੇਗੀ**

**ਫਾਜ਼ਿਲਕਾ, E ਅਪ੍ਰੈਲ**

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹੇ ਅੰਦਰ ਤਾਲਾ ਬੰਦੀ ਅਤੇ ਕਰਫਿਊ ਦੌਰਾਨ ਆਮ ਜਨਤਾ ਨੂੰ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਜ਼ਰੂਰੀ ਸੇਵਾਵਾਂ ਘਰ-ਘਰ ਮੁਹੱਈਆ ਕਰਵਾਉਣ ਦੇ ਦਿਨਾਂ ਵਿੱਚ ਸੋਧ ਕਰਦਿਆਂ ਕਿਹਾ ਕਿ ਸਬਜੀ/ਫਲਾਂ ਦੀ ਵਿਕਰੀ ਹਫਤੇ ਵਿੱਚ ਸੋਮਵਾਰ, ਬੁੱਧਵਾਰ, ਸ਼ੁਕਰਵਾਰ ਸਵੇਰੇ 7 ਤੋਂ 12 ਵਜੇ ਤੱਕ ਕੀਤੀ ਸੀ, ਪਰ ਹੁਣ ਸਬਜੀ/ਫਲਾਂ ਦੀ ਵਿਕਰੀ ਹਰ ਰੋਜ਼ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਆਮ ਜਨਤਾ ਨੂੰ ਘਰ-ਘਰ ਜਾ ਕੇ ਕੀਤੀ ਜਾਵੇਗੀ ਅਤੇ ਸਟੋਰੇਜ ਵੀ ਇਸੇ ਸਮੇਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਐਵਤਾਰ ਨੂੰ ਸਬਜੀ/ਫਲ ਦੀ ਸਬਜੀ ਮੰਡੀ ਵਿੱਚ ਵਿਕਰੀ/ਸਟੋਰੇਜ ਨਹੀਂ ਕੀਤੀ ਜਾਵੇਗੀ। ਸਕੱਤਰ ਮਾਰਕੀਟ ਕਮੇਟੀ ਇਹ ਕਾਰਵਾਈ ਯਕੀਨੀ ਬਨਾਉਣਗੇ।

ਉਨ੍ਹਾਂ ਕਿਹਾ ਕਿ ਕਰਿਆਣੇ ਦੀ ਵਿਕਰੀ ਹਫਤੇ ਵਿੱਚ ਮੰਗਲਵਾਰ, ਵੀਰਵਾਰ ਅਤੇ ਸ਼ਨੀਵਾਰ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਕੀਤੀ ਗਈ ਸੀ, ਪਰ ਹੁਣ ਕਰਿਆਣ ਦੀ ਵਿਕਰੀ ਹਰ ਰੋਜ਼ ਦੁਪਹਿਰ 12 ਵਜੇ ਤੋਂ ਸ਼ਾਮ 6 ਵਜੇ ਤੱਕ ਆਮ ਜਨਤਾ ਨੂੰ ਘਰ-ਘਰ ਜਾ ਕੇ ਕੀਤੀ ਜਾਵੇਗੀ। ਐਤਵਾਰ ਨੂੰ ਕਰਿਆਣੇ ਦੀ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਾਰੀਆਂ ਦੁਕਾਨਾਂ ਮੁਕੰਮਲ ਬੰਦ ਰਹਿਣਗੀਆਂ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਸ. ਸੰਧੂ ਨੇ ਕਿਹਾ ਕਿ ਗੈਸ ਦੀ ਸਪਲਾਈ, ਗੈਸ ਏਜੰਸੀਆਂ ਵੱਲੋਂ ਹਰ ਰੋਜ਼ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਕੀਤੀ ਗਈ ਸੀ, ਪਰ ਹੁਣ ਗੈਸ ਦੀ ਸਪਲਾਈ ਹਫਤੇ ਵਿਚ ਸੋਮਵਾਰ, ਮੰਗਲਵਾਰ, ਵੀਰਵਾਰ, ਸ਼ੁਕਰਵਾਰ ਅਤੇ ਸ਼ਨੀਵਾਰ ਸਵੇਰੇ 10 ਤੋਂ ਸ਼ਾਮ 6 ਵਜੇ ਤੱਕ ਕੀਤੀ ਜਾਵੇਗੀ। ਐਤਵਾਰ ਅਤੇ ਬੁੱਧਵਾਰ ਨੂੰ ਗੈਸ ਦੀ ਸਪਲਾਈ ਨਹੀਂ ਕੀਤੀ ਜਾਵੇਗੀ ਅਤੇ ਸਾਰੀਆਂ ਏਜੰਸੀਆਂ ਬੰਦ ਰਹਿਣਗੀਆਂ। ਬਾਕੀ ਹਦਾਇਤਾਂ ਪਹਿਲਾਂ ਦੀ ਤਰ੍ਹਾਂ ਬਰਕਰਾਰ ਰਹਿਣਗੀਆਂ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**ਲੋਕਾਂ ਨੂੰ ਜ਼ਰੂਰੀ ਸੇਵਾਵਾਂ ਘਰ-ਘਰ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ**

***ਕਾਲਾ ਬਜ਼ਾਰੀ ਕਰਨ ਵਾਲਿਆਂ ਖਿਲਾਫ ਹੋਵੇਗੀ ਸਖ਼ਤ ਕਾਰਵਾਈ**

*** ਸਰਕਾਰ ਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ**

**ਫਾਜ਼ਿਲਕਾ, E ਅਪ੍ਰੈਲ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਤਾਲਾ ਬੰਦੀ ਅਤੇ ਕਰਫਿਊ ਦੌਰਾਨ ਲੋਕਾਂ ਨੂੰ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਜ਼ਰੂਰੀ ਸੇਵਾਵਾਂ ਘਰ-ਘਰ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਘਰਾਂ ਤੱਕ ਮੁੱਢਲੀਆਂ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਇਹ ਕਰਫਿਊ ਲੋਕਾਂ ਦੇ ਹਿੱਤ ਲਈ ਲਗਾਇਆ ਗਿਆ ਹੈ, ਸੋ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਸਹਿਯੋਗ ਦੇਣਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਕਿਹਾ ਕਿ ਲੋਕਾਂ ਤੱਕ ਮੁੱਢਲੀਆਂ ਸੇਵਾਵਾਂ ਸਬਜੀ/ਫਲ, ਕਰਿਆਣਾ, ਦਵਾਈਆਂ, ਗੈਸ ਆਦਿ ਲੋੜੀਂਦੀਆਂ ਵਸਤਾਂ ਦੀ ਸਪਲਾਈ ਸੁਖਾਵੇਂ ਢੰਗ ਨਾਲ ਪਹੁੰਚਾਉਣ ਲਈ ਸਮਾਂ ਦਿਨ ਨਿਸ਼ਚਿਤ ਕੀਤੇ ਗਏ ਹਨ ਤਾਂ ਜੋ ਲੋਕ ਸੁਵਿਧਾਵਾਂ ਨੂੰ ਬਰਕਰਾਰ ਰੱਖਿਆ ਜਾ ਸਕੇ ਅਤੇ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਪ੍ਰਕੋਪ ਤੋਂ ਸੁਰੱਖਿਅਤ ਰੱਖਿਆ ਜਾ ਸਕ। ਉਨ੍ਹਾਂ ਕਿਹਾ ਕਿ ਕੋਵਿਡ 19 ਤਹਿਤ ਕਰਫਿਊ ਦੀ ਸਥਿਤੀ ਦੌਰਾਨ ਲੋਕਾਂ ਲਈ ਲੋੜੀਂਦੀਆਂ ਵਸਤਾਂ ’ਚ ਕਾਲਾ ਬਜ਼ਾਰੀ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਘਰਾਂ ਵਿੱਚ ਰਹਿ ਕੇ ਸਰਕਾਰ ਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਖਾਂਸੀ, ਬੁਖਾਰ, ਜ਼ੁਖਾਮ ਆਦਿ ਲੱਛਣ ਦਿਖਾਈ ਦੇਂਦੇ ਹਨ ਤਾਂ ਤੁਰੰਤ ਸਿਹਤ ਵਿਭਾਗ ਨਾਲ ਰਾਬਤਾ ਕਰਨ ਨੂੰ ਪਹਿਲ ਦੇਣ।